# ਦਫ਼ਤਰ ਨਗਰ ਨਿਗਮ ਹੁਸ਼ਿਆਪੁਰ
# ਪ੍ਰੈਸ ਨੋਟ
## ਨਗਰ ਨਿਗਮ ਵਲੋਂ ਸਾਲ 2017-18 ਲਈ 46.02 ਕਰੋੜ ਰੁਪਏ ਦਾ ਬਜਟ ਪਾਸ

ਹੁਸ਼ਿਆਰਪੁਰ 31 ਮਾਰਚ ਨਗਰ ਨਿਗਮ ਹੁਸ਼ਿਆਰਪੁਰ ਦਾ ਸਾਲ 2017-18 ਲਈ 46.02 ਕਰੋੜ ਰੁਪਏ ਦਾ ਬਜਟ ਪਾਸ ਕੀਤਾ ਗਿਆ ਹੈ। ਇਹ ਜਾਣਕਾਰੀ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਡਾ: ਬੀ.ਆਰ.ਅੰਬੇਦਕਰ ਮੀਟਿੰਗ ਹਾਲ ਵਿਖੇ ਬਜਟ ਸਬੰਧੀ ਆਯੋਜਿਤ ਸਮੂਹ ਕੌਂਸਲਰਾਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ। ਵਿਧਾਇਕ ਸੁਦੰਰ ਸ਼ਾਮ ਅਰੋੜਾ ਅਤੇ ਨਗਰ ਨਿਗਮ ਦੇ ਕਮਿਸ਼ਨਰ ਜ਼ਸਬੀਰ ਸਿੰਘ ਵੀ ਇਸ ਮੀਟਿੰਗ ਤੇ ਵਿਸ਼ੇਸ਼ ਤੋਰ ਤੇ ਸ਼ਾਮਲ ਹੋਏ। ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਡਿਪਟੀ ਮੇਅਰ ਸ਼ੁਕਲਾ ਸ਼ਰਮਾ, ਕਾਰਜ ਸਾਧਕ ਅਫ਼ਸਰ ਰਮੇਸ਼ ਕੁਮਾਰ, ਕਾਰਜਕਾਰੀ ਇੰਜੀਨੀਅਰ ਸਤੀਸ਼ ਸੈਣੀ, ਡੀ.ਸੀ.ਐਫ.ਏ ਰਵਿੰਦਰ ਸਿੰਘ, ਐਸ.ਡੀ.ਓ ਹਰਪ੍ਰੀਤ ਸਿੰਘ, ਸੁਪਰਡੰਟ ਸੁਆਮੀ ਸਿੰਘ, ਅਮਿਤ ਕੁਮਾਰ ਸੁਪਰਡੰਟ, ਲੇਖਾਕਾਰ ਰਾਜਨ ਕੁਮਾਰ, ਇੰਸਪੈਕਟਰ ਰਾਜਬੰਸ ਕੌਰ, ਕੁਲਵਿੰਦਰ ਕੁਮਾਰ, ਰਾਹੁਲ ਸ਼ਰਮਾ ਅਤੇ ਸਮੂਹ ਕੋਂਸਲਰ ਇਸ ਮੀਟਿੰਗ ਵਿਚ ਹਾਜ਼ਰ ਸਨ।

ਮੇਅਰ ਸ਼ਿਵ ਸੂਦ ਨੇ ਦੱਸਿਆ ਕਿ ਨਗਰ ਨਿਗਮ ਹੁਸ਼ਿਆਰਪੁਰ ਦੀ ਸਾਲ 2017-18 ਦੀ ਅਨੁਮਾਨਤ ਆਮਦਨ ਦੇ ਬਰਾਬਰ ਖਰਚਾ 46.02 ਕਰੋੜ ਰੁਪਏ ਪਾਸ ਕੀਤਾ ਗਿਆ ਹੈ। ਸਾਲ 2017-18 ਲਈ ਵਿਕਾਸ ਦੇ ਕੰਮਾਂ ਤੇ 18.32 ਕਰੋੜ ਰੁਪਏ ਦਾ ਬਜਟ ਤਜਵੀਜ ਕੀਤਾ ਗਿਆ ਹੈ ਜ਼ੋ ਕਿ ਤਜਵੀਜ ਕੀਤੀ ਆਮਦਨ ਦਾ 40 ਪ੍ਰਤੀਸ਼ਤ ਹੈ। ਜਿਸ ਅਨੁਸਾਰ 8.77 ਕਰੋੜ ਰੁਪਏ ਵੱਖ ਵੱਖ ਵਿਕਾਸ ਕਾਰਜਾਂ ਸੜਕਾਂ, ਡਰੇਨਜ, ਸਲਮ ਏਰੀਆਂ, ਅਵਾਰਾ ਪਸ਼ੂਆਂ ਦੀ ਸਾਭ ਸੰਭਾਲ ਅਤੇ ਹੋਰ ਵਿਕਾਸ ਕਾਰਜਾਂ ਲਈ ਖਰਚ ਕੀਤੇ ਜਾਣਗੇ ਅਤੇ ਨਗਰ ਨਿਗਮ ਦੇ ਵੱਖ ਵੱਖ ਮੈਨਟੀਨੈਂਸ ਦੇ ਖਰਚਿਆ ਤੇ 9.55 ਕਰੋੜ ਰੁਪਏ ਖਰਚ ਕੀਤੇ ਜਾਣਗੇ ਜਿਹਨਾਂ ਵਿੱਚ ਜਲ ਸਪਲਾਈ ਦੀ ਮੇਨਟੇਨੇਸ/ਬਿੱਲ ਸਟ੍ਰੀਟ ਲਾਈਟ ਦੇ ਮੇਨਟੇਨੇਸ/ਬਿੱਲ, ਮਿਉਸਪਲ ਭਵਨ/ਡਾਇਰੈਕਟੋਰੇਟ ਚਾਰਜਿਜ ਅਦਿ ਸ਼ਾਮਲ ਹਨ। ਉਹਨਾਂ ਕਿਹਾ ਕਿ ਨਗਰ ਨਿਗਮ ਵਲੋਂ ਬਜਟ ਵਿਚ ਵਿਕਾਸ ਕਾਰਜਾਂ ਲਈ ਰੱਖੇ ਗਏ ਫੰਡਾਂ ਅਤੇ ਸਰਕਾਰ ਵਲੋਂ ਪ੍ਰਾਪਤ ਗ੍ਰਾਂਟ ਨਾਲ ਸ਼ਹਿਰ ਦੇ ਸਾਰੇ ਵਾਰਡਾਂ ਵਿਚ ਬਿਨਾਂ ਭੇਦ ਭਾਵ ਦੇ ਸਰਵਪੱਖੀ ਵਿਕਾਸ ਕਰਵਾਏ ਜਾਣਗੇ। ਇਸ ਮੋਕੇ ਤੇ ਉਹਨ੍ਹਾਂ ਨੇ ਦਸਿੱਆ ਕਿ ਹਾਊਸ ਦੀ ਮੀਟਿੰਗ ਵਿੱਚ ਸਮੂਹ ਕੋਂਸਲਰਾਂ ਨੂੰ ਆਪਣੇ ਛੋਟੇ ਛੋਟੇ ਕੰਮ ਕਰਵਾਉਣ ਲਈ ਇਕ-ਇਕ ਲੱਖ ਰੁਪਏ ਦੀ ਪ੍ਰਵਾਨਗੀ ਦਿੱਤੀ ਗਈ ਹੈ।

ਇਸ ਤੋਂ ਪਹਿਲਾਂ ਵਿਧਾਇਕ ਸੁਦੰਰ ਸ਼ਾਮ ਅਰੋੜਾ ਦੇ ਡਾ: ਬੀ.ਆਰ.ਅੰਬੇਦਕਰ ਮੀਟਿੰਗ ਹਾਲ ਵਿਖੇ ਹਾਊਸ ਦੀ ਮੀਟਿੰਗ ਵਿੱਚ ਪਹੁੰਚਣ ਤੇ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ, ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਵਾਲਾਂ ਅਤੇ ਡਿਪਟੀ ਮੇਅਰ ਸ਼ੁਕਲਾ ਸ਼ਰਮਾ ਨੇ ਉਹਨ੍ਹਾਂ ਨੂੰ ਬੂਕੇ ਦੇ ਕੇ ਸਨਮਾਨ ਕੀਤਾ।ਇਸ ਮੋਕੇ ਤੇ ਵਿਧਾਇਕ ਸ਼ੁਦੰਰ ਸ਼ਾਮ ਅਰੋੜਾ ਨੇ ਸਮੂਹ ਕੋਂਸਲਰਾਂ ਨੂੰ ਸੰਬੋਧਨ ਕਰਦਿਆਂ ਦਸਿੱਆ ਕਿ ਨਗਰ ਨਿਗਮ ਹੁਸ਼ਿਆਰਪੁਰ ਵਿੱਚ ਬਹੁਤ ਜਿਆਦਾ ਵਿਕਾਸ ਕਾਰਜ ਹੋਏ ਹਨ ਅਤੇ ਬਾਕੀ ਰਹਿੰਦੇ ਵਿਕਾਸ ਕਾਰਜ ਕਰਵਾਉਣ ਲਈ ਉਹਨ੍ਹਾ ਵੱਲੋ ਪੂਰਾ ਯਤਨ ਕੀਤਾ ਜਾਵੇਗਾ। ਉਹਨ੍ਹਾਂ ਨੇ ਦਸਿੱਆ ਕਿ ਸਾਰੇ ਵਾਰਡਾਂ ਵਿੱਚ ਬਿਨ੍ਹਾ ਭੇਦਭਾਵ ਦੇ ਵਿਕਾਸ ਕਾਰਜ ਕਰਵਾਏ ਜਾਣਗੇ ਅਤੇ ਸ਼ਹਿਰ ਨੂੰ ਸਾਫ ਸੁਥਰਾ ਵਾਤਾਵਰਨ ਦੇਣ ਅਤੇ ਵਿਕਾਸ ਦੀ ਗਤੀ ਤੇਜ਼ ਕਰਨ ਲਈ ਸਰਕਾਰ ਤੋਂ ਹੋਰ ਫੰਡ ਲਿਆਂਦੇ ਜਾਣਗੇ। ਨਗਰ ਨਿਗਮ ਦੇ ਮੇਅਰ ਸ਼ਿਵ ਸੂਦ, ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਵਾਲਾਂ, ਡਿਪਟੀ ਮੇਅਰ ਸ਼ੁਕਲਾ ਸ਼ਰਮਾ, ਕਮਿਸ਼ਨਰ ਜ਼ਸਬੀਰ ਸਿੰਘ, ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ, ਕੋਂਸਲਰ ਸਰਵਨ ਸਿੰਘ, ਬ੍ਰਹਮ ਸ਼ੰਕਰ ਜਿੰਪਾ, ਅਸ਼ੋਕ ਕੁਮਾਰ ਅਤੇ ਮੋਹਨ ਲਾਲ ਪਹਿਲਵਾਨ ਨੇ ਵਿਧਾਇਕ ਸੁਦੰਰ ਸ਼ਾਮ ਅਰੋੜਾ ਨੂੰ ਹਾਊਸ ਦੀ ਮੀਟਿੰਗ ਵਿੱਚ ਆਉਣ ਤੇ ਜੀ ਆਇਆ ਕਿਹਾ।